**ਪ੍ਰੈੱਸ ਨੋਟ**

**16.1.2024**

**ਬਠਿੰਡਾ ਪੁਲਿਸ ਵੱਲੋਂ 126 ਫੈਸਲਾਸ਼ੁਦਾ ਮੁਕੱਦਮਿਆਂ ਵਿੱਚ ਬਰਾਮਦ 249 ਵਹੀਕਲ ਖੁੱਲੀ ਬੋਲੀ ਲਗਾ ਕੇ ਕੀਤੇ ਨਿਲਾਮ**

ਬਠਿੰਡਾ () ਸ਼੍ਰੀ ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ ਐਸ.ਐਸ.ਪੀ ਬਠਿੰਡਾ ਵੱਲੋਂ ਜਿੱਥੇ ਨਸ਼ਿਆਂ ਦੇ ਖਾਤਮੇ , ਜੇਰ ਤਫਤੀਸ਼ ਮੁਕੱਦਮਿਆਂ ਦੇ ਨਿਪਟਾਰੇ, ਦਰਖਾਸਤੇ ਦੇ ਨਿਪਟਾਰੇ, ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਦਿਨ-ਪ੍ਰਤੀ ਦਿਨ ਨਵੇਂ ਕਦਮ ਚੁੱਕੇ ਜਾ ਰਹੇ ਹਨ, ਉਥੇ ਪੁਲਿਸ ਵਿਭਾਗ ਵੱਲੋਂ ਵੱਖ-ਵੱਖ ਮੁਕੱਦਮਿਆਂ ਵਿੱਚ ਥਾਣਿਆਂ ਵਿੱਚ ਖੜੇ ਵਹੀਕਲਾਂ ਦੀ ਪੁਲਿਸ ਲਾਈਨਜ ਬਠਿੰਡਾ ਵਿਖੇ ਖੁੱਲੀ ਬੋਲੀ ਕਰਵਾ ਕੇ 249 ਵਹੀਕਲ ਨਿਲਾਮ ਕੀਤੇ ਜਾ ਚੁੱਕੇ ਹਨ।

ਸ਼੍ਰੀ ਹਰਮਨਬੀਰ ਸਿੰਘ ਗਿੱਲ ਐਸ.ਐਸ.ਪੀ ਬਠਿੰਡਾ ਵੱਲੋਂ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਥਾਣਿਆਂ ਵਿੱਚ ਵੱਖ-ਵੱਖ ਮੁਕੱਦਮਿਆਂ ਵਿੱਚ ਕਾਫੀ ਗਿਣਤੀ ਵਿੱਚ ਵਹੀਕਲ ਖੜੇ ਹਨ। ਇਹਨਾਂ ਵਹੀਕਲਾਂ ਨਾਲ ਸਬੰਧਿਤ ਮੁੱਕਦਮਿਆਂ ਦਾ ਫੈਸਲਾ ਹੋ ਚੁੱਕਾ ਹੈ, ਪਰ ਕਿਸੇ ਵਿਅਕਤੀ ਵੱਲੋਂ ਇਹ ਵਹੀਕਲ ਕਲੇਮ ਨਹੀ ਕੀਤੇ ਗਏ। ਇਹਨਾਂ ਵਹੀਕਲਾਂ ਕਰਕੇ ਥਾਣਿਆਂ ਵਿੱਚ ਕਾਫੀ ਜਗ੍ਹਾ ਘੇਰੀ ਹੋਈ ਹੈ, ਜਿਲ੍ਹਾ ਪੁਲਿਸ ਮੁਖੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਵਹੀਕਲ ਡਿਸਪੋਜਲ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਕਾਨੂੰਨੀ ਪ੍ਰਕਿਰਿਆ ਅਪਣਾਉਦੇ ਹੋਏ ਜਿਲ੍ਹਾ ਬਠਿੰਡਾ ਦੇ ਪੁਲਿਸ ਥਾਣਾ ਕੋਤਵਾਲੀ,ਰਾਮਾਂ,ਬਾਲਿਆਂਵਾਲੀ,ਤਲਵੰਡੀ ਸਾਬੋ,ਕੋਟਫੱਤਾ, ਦਿਆਲਪੁਰਾ, ਮੌੜ, ਨਥਾਣਾ, ਥਰਮਲ ਅਤੇ ਥਾਣਾ ਨੰਦਗੜ੍ਹ ਵਿੱਚ ਖੜੇ ਕੁੱਲ 126 ਫੈਸਲਾਸ਼ੁਦਾ ਮੁੱਕਦਮੇ ਐਨ.ਡੀ.ਪੀ.ਐਸ ਅਤੇ ਹੋਰ ਮੁਕੱਦਮਿਆਂ ਵਿੱਚ ਬਰਾਮਦਸ਼ੁਦਾ ਵਹੀਕਲਾਂ 249 ਵਹੀਕਲਾਂ (ਬਿਨਾਂ ਕਾਗਜਾਤ ਅਤੇ ਦੁਬਾਰਾ ਨਾ ਵਰਤੋਂਯੋਗ/ਸਕਰੈਪ ਦੀ ਨਿਲਾਮੀ (ਖੁੱਲੀ ਬੋਲੀ) ਕਰਵਾਈ ਗਈ।ਇਹਨਾਂ ਵਿੱਚ 170 ਦੋ-ਪਹੀਆ ਵਾਹਨ ਅਤੇ 79 ਚਾਰ-ਪਹੀਆ ਵਾਹਨਾਂ ਜਿਹਨਾਂ ਦੀ ਕਮੇਟੀ ਵੱਲੋਂ ਰਿਜਰਵ ਕੀਮਤ 39,63,950/- ਰੁਪਏ ਨਿਰਧਾਰਿਤ ਰੱਖੀ ਗਈ ਸੀ। ਇਹਨਾਂ ਵਹੀਕਲਾਂ ਦੀ ਬੋਲੀ 45,80,000/- ਵਿੱਚ ਨਿਲਾਮ ਕੀਤੇ ਗਏ ਹਨ।ਇਸ ਬੋਲੀ ਵਿੱਚ 249 ਵਾਹਨਾਂ ਦੀ ਨਿਲਾਮੀ ਕੀਤੀ ਗਈ। ਨਿਲਾਮੀ ਦੀ ਕੁੱਲ ਰਕਮ 45,80,000/- ਰੁਪਏ ਸਰਕਾਰੀ ਖਜਾਨੇ ਵਿੱਚ ਜਮਾਂ ਕਰਵਾਈ ਗਈ ਹੈ।ਜਿਲ੍ਹਾ ਪੁਲਿਸ ਮੁਖੀ ਨੇ ਦੱਸਿਆ ਕਿ ਬਾਕੀ ਰਹਿੰਦੇ ਵਹੀਕਲਾਂ ਸੰਬੰਧੀ ਵੀ ਰਿਕਾਰਡ ਤਿਆਰ ਕਰਵਾਇਆ ਜਾ ਰਿਹਾ ਹੈ ਅਤੇ ਇਹ ਵਹੀਕਲ ਵੀ ਜਲਦੀ ਨਿਲਾਮ ਕੀਤੇ ਜਾਣਗੇ।